# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :25-05-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਰਾਸ਼ਟਰਪਤੀ ਭਵਨ ਵਿਖੇ 66 ਖਾਸ ਸ਼ਖਸੀਅਤਾਂ ਨੂੰ ਸਾਲ 2026 ਲਈ ਪਦਮ ਪੁਰਸਕਾਰ ਪ੍ਰਦਾਨ ਕਰਨਗੇ। ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਵੀ ਇਸ ਸਮਾਰੋਹ ਵਿੱਚ ਮੌਜੂਦ ਰਹਿਣਗੇ । ਅੱਜ, ਦੋ ਪਦਮ ਵਿਭੂਸ਼ਣ, ਛੇ ਪਦਮ ਭੂਸ਼ਣ ਤੇ 58 ਪਦਮ ਸ਼੍ਰੀ ਪੁਰਸਕਾਰ ਪ੍ਰਦਾਨ ਕੀਤੇ ਜਾਣਗੇ। ਰਾਸ਼ਟਰਪਤੀ ਨੇ ਸਾਲ 2026 ਲਈ 131 ਪਦਮ ਅਵਾਰਡਾਂ ਨੂੰ ਮਨਜ਼ੂਰੀ ਦੇ ਦਿੱਤੀ ਏ । ਇਨ੍ਹਾਂ ਵਿੱਚ ਪੰਜ ਪਦਮ ਵਿਭੂਸ਼ਣ, 13 ਪਦਮ ਭੂਸ਼ਣ ਅਤੇ 113 ਪਦਮ ਸ਼੍ਰੀ ਪੁਰਸਕਾਰ ਸ਼ਾਮਲ ਨੇ. ਬਾਕੀ ਪਦਮ ਪੁਰਸਕਾਰ ਸਮਾਰੋਹ ਦੇ ਦੂਜੇ ਦੌਰ ਵਿੱਚ ਬਾਅਦ ਵਿੱਚ ਪ੍ਰਦਾਨ ਕੀਤੇ ਜਾਣਗੇ।

----------------------------------------------------------

ਅੱਜ ਪੈਟਰੋਲ ਦੀਆਂ ਕੀਮਤਾਂ ਵਿੱਚ 2 ਰੁਪਏ 61 ਪੈਸੇ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 2 ਰੁਪਏ 71 ਪੈਸੇ ਦਾ ਵਾਧਾ ਕੀਤਾ ਗਿਆ ਏ । ਪਿਛਲੇ ਦੋ ਹਫ਼ਤਿਆਂ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਇਹ ਚੌਥਾ ਵਾਧਾ ਏ । ਹੁਣ ਦਿੱਲੀ ਵਿੱਚ ਪੈਟਰੋਲ 102 ਰੁਪਏ 12 ਪੈਸੇ ਫੀ ਲੀਟਰ ਅਤੇ ਡੀਜ਼ਲ 95 ਰੁਪਏ 20 ਪੈਸੇ ਫੀ ਲੀਟਰ ਉਪਲਬਧ ਹੋਵੇਗਾ ।

---------------------------------------------------------------

ਭਿਆਨਕ ਗਰਮੀ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਐਲਾਨ ਮੁਤਾਬਿਕ ਅੱਜ ਤੋਂ ਪੰਜਾਬ ਦੇ ਸਾਰੇ ਸਰਕਾਰੀ ਦਫ਼ਤਰਾਂ, ਸਕੂਲਾਂ ਤੇ ਕਾਲਜਾਂ ਦਾ ਸਮਾਂ ਬਦਲ ਗਿਆ ਏ । ਅੱਜ ਤੋਂ ਕੰਮਕਾਜ ਦਾ ਸਮਾਂ ਸਵੇਰੇ 7:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਹੋਵੇਗਾ । ਬਦਲਿਆ ਹੋਇਆ ਸਮਾਂ ਅਗਲੇ ਹੁਕਮਾਂ ਤੱਕ ਜਾਰੀ ਰਹੇਗਾ । ਇਸੇ ਦੌਰਾਨ ਸਿੱਖਿਆ ਵਿਭਾਗ ਦੇ ਨਵੇਂ ਹੁਕਮਾਂ ਅਨੁਸਾਰ ਸਮੂਹ ਸਰਕਾਰੀ ਦੋਹਰੀ ਸ਼ਿਫਟ ਵਾਲੇ ਸਕੂਲਾਂ ਵਿੱਚ ਸਵੇਰ ਦੀ ਸ਼ਿਫਟ ਸਵੇਰੇ 7 ਵਜੇ ਤੋਂ ਸਵੇਰੇ 10 ਵਜੇ ਤਕ ਹੋਵੇਗੀ ਜਦਕਿ ਦੂਜੀ ਸ਼ਿਫਟ ਵਿੱਚ ਸਮੂਹ ਸਰਕਾਰੀ ਸਕੂਲ ਸਵੇਰੇ ਸਾਢੇ 10 ਵਜੇ ਤੋਂ ਦੁਪੈਹਰ ਡੇਢ ਵਜੇ ਤਕ ਲੱਗਣਗੇ ।

---

ਸਰਕਾਰੀ ਦਫਤਰਾਂ ਦਾ ਸਮਾਂ ਬਦਲਣ ਮਗਰੋਂ ਰੂਪਨਗਰ ਦੇ ਡਿਪਟੀ ਕਮਿਸ਼ਨਰ ਅਦਿਤਿਆ ਡੇਚਲਵਾਲ ਵੱਲੋਂ ਵੱਖ-ਵੱਖ ਦਫਤਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ । ਉਹਨਾਂ ਦੱਸਿਆ ਕਿ ਕਾਫੀ ਸਾਰੇ ਮੁਲਾਜ਼ਮ ਸਮੇਂ ਸਿਰ ਪਹੁੰਚ ਗਏ ਸਨ, ਪਰ ਜਿਹੜੇ ਮੁਲਾਜ਼ਮ ਸਮੇਂ ਤੇ ਨਹੀਂ ਪਹੁੰਚੇ ਉਹਨਾਂ ਤੇ ਅਨੁਸ਼ਾਸਨੀ ਕਾਰਵਾਈ ਕੀਤੀ ਜਾ ਰਹੀ ਏ । ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਬਦਲੇ ਹੋਏ ਸਮੇਂ ਦੌਰਾਨ ਆ ਕੇ ਸਰਕਾਰੀ ਦਫਤਰਾਂ ਦੇ ਵਿੱਚ ਆਪਣਾ ਕੰਮਕਾਰ ਕਰਵਾ ਸਕਦੇ ਨੇ ।

---

ਪੰਜਾਬ ਰਾਜ ਚੋਣ ਕਮਿਸ਼ਨ ਨੇ ਕਿਹਾ ਕਿ ‘ਚ 26 ਮਈ ਨੂੰ ਹੋ ਰਹੀਆਂ ਨਗਰ ਨਿਗਮ ਆਮ ਚੋਣਾਂ, 2026 ਲਈ ਕੁੱਲ 7 ਹਜ਼ਾਤ 555 ਉਮੀਦਵਾਰ ਚੋਣ ਮੈਦਾਨ ‘ਚ ਨੇ । ਜ਼ਿਕਰਯੋਗ ਏ ਕਿ ਇਨ੍ਹਾਂ ਚੋਣਾਂ ਲਈ ਆਮ ਆਦਮੀ ਪਾਰਟੀ ਦੇ 1801 ਉਮੀਦਵਾਰ, ਕਾਂਗਰਸ ਦੇ 1550 ਉਮੀਦਵਾਰ, ਭਾਰਤੀ ਜਨਤਾ ਪਾਰਟੀ ਦੇ 1316 ਉਮੀਦਵਾਰ, ਸ਼੍ਰੋਮਣੀ ਅਕਾਲੀ ਦਲ ਦੇ 1251 ਉਮੀਦਵਾਰ, ਬਹੁਜਨ ਸਮਾਜ ਪਾਰਟੀ ਦੇ 96 ਉਮੀਦਵਾਰ,

1528 ਆਜ਼ਾਦ ਉਮੀਦਵਾਰ ਅਤੇ 13 ਹੋਰ ਉਮੀਦਵਾਰ ਚੋਣ ਲੜਨਗੇ ।

-----------------------------------------------------------

ਪੰਜਾਬ ਸਰਕਾਰ ਨੇ ਕੱਲ 26 ਮਈ ਨੂੰ ਨਗਰ ਨਿਗਮਾਂ, ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੀਆਂ ਹੋ ਰਹੀਆਂ ਆਮ ਚੋਣਾਂ ਦੇ ਮੱਦੇਨਜ਼ਰ ਛੁੱਟੀ ਦਾ ਐਲਾਨ ਕੀਤਾ ਏ । ਚੰਡੀਗੜ੍ਹ ਵਿਖੇ ਸਥਿਤ ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਤੇ ਵਿਦਿਅਕ ਸੰਸਥਾਵਾਂ ਵਿਖੇ ਵੀ ਛੁੱਟੀ ਹੋਵੇਗੀ ।

-----------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਤੇ ਗਲਾਡਾ ਦੇ ਮੁੱਖ ਪ੍ਰਸ਼ਾਸਕ ਓਜਸਵੀ ਅਲੰਕਾਰ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦੇ ਹੋਏ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਨੇ ਲੁਧਿਆਣਾ ਜ਼ਿਲ੍ਹੇ ਵਿੱਚ ਅਣਅਧਿਕਾਰਤ ਕਲੋਨੀਆਂ ਤੇ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਏ, ਜਿਸ ਦੇ ਚੱਲਦਿਆਂ  ਗਲਾਡਾ ਨੇ ਡੇਹਲੋਂ, ਜਸਪਾਲ ਬਾਂਗੜ ਤੇ ਉੱਚੀ ਮੰਗਲੀ ਵਿਖੇ ਸਥਿਤ ਪੰਜ ਅਣਅਧਿਕਾਰਤ ਕਲੋਨੀਆਂ ਨੂੰ ਢਾਹ ਦਿੱਤਾ । ਅਥਾਰਟੀ ਨੇ ਮਰਾਡੋ ਚੌਂਕੀ, ਭੈਰੋਮੁਨਾ, ਗਿੱਲ, ਜੰਡਿਆਲੀ, ਜਸਪਾਲ

ਬਾਂਗਰ, ਕੋਹਾੜਾ ਸਮੇਤ ਖੇਤਰਾਂ ਵਿੱਚ ਵੀ 12 ਅਣਅਧਿਕਾਰਤ ਇਮਾਰਤਾਂ ਤੇ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਵੀ ਕਾਰਵਾਈ ਕੀਤੀ ਏ । ਇਸ ਤੋਂ ਇਲਾਵਾ ਚੂਰਪੁਰ, ਦਾਦ, ਕਾਂਜੀਆ, ਮਾਣਕਵਾਲ ਤੇ ਥਰੀਕੇ ਵਰਗੇ ਪਿੰਡਾਂ ਵਿੱਚ 20 ਅਣਅਧਿਕਾਰਤ ਕਲੋਨੀਆਂ ਬਾਰੇ ਰਿਪੋਰਟਾਂ ਅਗਲੇਰੀ ਕਾਰਵਾਈ ਲਈ ਸਬੰਧਤ ਤਹਿਸੀਲਦਾਰਾਂ ਨੂੰ ਭੇਜੀਆਂ ਗਈਆਂ ਨੇ । ਗਲਾਡਾ ਦੇ ਵਧੀਕ ਮੁੱਖ ਪ੍ਰਸ਼ਾਸਕ ਵਿਕਾਸ ਹੀਰਾ ਨੇ ਲੋਕਾਂ ਨੂੰ ਅਣਅਧਿਕਾਰਤ ਕਲੋਨੀਆਂ ਵਿੱਚ ਪਲਾਟ ਜਾਂ ਇਮਾਰਤਾਂ ਨਾ ਖਰੀਦਣ ਦੀ ਅਪੀਲ ਕੀਤੀ ਏ ।

-------------------------------------------------------------

ਵਿਸ਼ੇਸ਼ ਤੀਬਰ ਸੋਧ (ਐਸ ਆਈ ਆਰ) ਨੂੰ ਲੈ ਕੇ ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅਹਿਮ ਸਮੀਖਿਆ ਮੀਟਿੰਗ ਕੀਤੀ । ਮੀਟਿੰਗ ਦੌਰਾਨ ਉਨ੍ਹਾਂ ਜ਼ਿਲ੍ਹੇ ਵਿੱਚ ਸਭ ਤੋਂ ਘੱਟ ਵੋਟਰ ਮੈਪਿੰਗ ਕਰਨ ਵਾਲੇ 10 ਬੂਥ ਲੈਵਲ ਅਫ਼ਸਰਾਂ (BLOs) ਨਾਲ ਨਿੱਜੀ ਤੌਰ ’ਤੇ ਮੁਲਾਕਾਤ ਕਰਕੇ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਤੇ ਉਨਾਂ ਨੂੰ ਵੱਧ ਤੋਂ ਵੱਧ ਮੈਪਿੰਗ ਕਰਨ ਦੇ ਨਿਰਦੇਸ਼ ਦਿੱਤੇ । ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਐਸ ਆਈ ਆਰ ਦੌਰਾਨ ਯੋਗ ਵੋਟਰਾਂ ਦੀ ਰਜਿਸਟ੍ਰੇਸ਼ਨ, ਡਾਟਾ

ਅਪਡੇਸ਼ਨ, ਡੂਪਲੀਕੇਟ ਵੋਟਾਂ ਦੀ ਸਨਾਖ਼ਤ ਤੇ ਮੈਪਿੰਗ ਦੇ ਕੰਮ ਨੂੰ ਪੂਰੀ ਗੰਭੀਰਤਾ ਨਾਲ ਕੀਤਾ ਜਾਵੇ ਤਾਂ ਜੋ ਕੋਈ ਵੀ ਯੋਗ ਵੋਟਰ ਵਾਂਝਾ ਨਾ ਰਹੇ। ਇਸ ਮੌਕੇ ਉਨ੍ਹਾਂ ਜ਼ਿਲ੍ਹੇ ਵਿੱਚ ਵੋਟਰ ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ ਗੁਰਬਖਸ਼ੀਸ ਸਿੰਘ ਅੰਟਾਲ ਦੀ ਅਗਵਾਈ ਵਿੱਚ ਕੋਰ ਕਮੇਟੀ ਦਾ ਗਠਨ ਕਰਨ ਦਾ ਲਈ ਨਿਰਦੇਸ਼ ਦਿੱਤੇ।

-------------------------------------------------------------

ਮੌਸਮ ਵਿਭਾਗ ਨੇ, ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਦਿੱਲੀ ਦੇ ਕਈ ਹਿੱਸਿਆਂ ਲਈ ਲੂ ਦਾ ORANGE ALERT ਜਾਰੀ ਕੀਤਾ ਏ. ਰਾਜਸਥਾਨ, ਮੱਧ ਪ੍ਰਦੇਸ਼ ਤੇ ਉੱਤਰ ਪ੍ਰਦੇਸ਼ ਸਮੇਤ ਹੋਰ ਸੂਬਿਆਂ ਵਿੱਚ ਵੀ ਤੇਜ਼ ਗਰਮੀ ਪੈਣ ਦੀ ਸੰਭਾਵਨਾ ਏ।